**STATE INFORMATION PUNJAB COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਜਰਨੈਲ ਸਿੰਘ 9814364718
19 ਸੰਤ ਨਗਰ,ਗਲੀ ਨੰ: 3 ਇੱਛੇਵਾਲ ਰੋਡ ਨੇੜੇ ਚਰਚ,
ਫਿਰੋਜ਼ਪੁਰ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਦਫਤਰ ਕਮਿਸ਼ਨਰ ਫਿਰੋਜ਼ਪੁਰ ਡਵੀਜ਼ਨ, ਫਿਰੋਜ਼ਪੁਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਕਮਿਸ਼ਨਰ ਫਿਰੋਜ਼ਪੁਰ ਡਵੀਜ਼ਨ, ਫਿਰੋਜ਼ਪੁਰ। -----ਉੱਤਰਦਾਤਾ

**ਅਪੀਲ ਕੇਸ ਨੰ: 05 ਆਫ 2020**

**ਹਾਜ਼ਰ**

1) ਅਪੀਲਕਰਤਾ ਸ੍ਰੀ ਜਰਨੈਲ ਸਿੰਘ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਦੀਪਕ ਲੂੰਬਾ, ਸੀਨੀਅਰ ਸਹਾਇਕ (9417116200)

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 7-6-2018, ਲੋਕ ਸੂਚਨਾ ਅਧਿਕਾਰੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ੍ਰੀ ਪਰਮਜੀਤ ਸਿਘ ਬਤੌਰ ਰੀਡਰ ਅਦਾਲਤ ਅਤੇ ਸੁਪਰਡੰਟ (ਮਾਲ ਅਤੇ ਨਿਆਂ) ਨਾਲ ਸੰਬਧਤ 13 ਨੁਕਤਿਆਂ ਸਬੰਧੀ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 20-12-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 20-11-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-01-2020 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-02-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਸ੍ਰੀ ਜਰਨੈਲ ਸਿੰਘ, ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਸੂਚਨਾ ਪ੍ਰਾਪਤ ਹੋਈ ਹੈ ਜ਼ੋ ਕਿ ਸਹੀ ਨਹੀਂ ਹੈ।ਉਸ ਵਲੋਂ ਡਾਕ ਰਾਹੀਂ ਪੱਤਰ ਮਿਤੀ 20-1-2020 ਪ੍ਰਾਪਤ ਹੋਇਆ ਸੀ ਜਿਸ ਰਾਹੀਂ ਉਸ ਵਲੋਂ ਦੋਨੋਂ ਅਪੀਲਾਂ ਇਕੋ ਦਿਨ ਲਾਉਣ ਲਈ ਬੇਨਤੀ ਕੀਤੀ ਗਈ ਸੀ। ਪੱਤਰ ਮਿਸਲ ਤੇ ਉਪਲਬਧ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਦੀਪਕ ਲੂੰਬਾ, ਸੀਨੀਅਰ ਸਹਾਇਕ ਹਾਜ਼ਰ ਹੋਇਆ, ਉਸ ਵਲੋਂ ਪੱਤਰ ਨੰ: ਅਸ-3-2020/70 ਮਿਤੀ 7-2-2020 ਪੇਸ਼ ਕੀਤਾ ਗਿਆ ਜ਼ੋ ਈ.ਮੇਲ. ਰਾਹੀਂ ਵੀ ਪ੍ਰਾਪਤ ਹੋਇਆ ਸੀ। ਕਮਿਸ਼ਨ ਨੂੰ ਸੰਬੋਧਤ ਹੈ ਅਤੇ ਕਾਪੀ ਅਪੀਲਕਰਤਾ ਨੂੰ ਵੀ ਕੀਤੀ ਗਈ ਹੈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ ਵਲੋਂ ਅਪੀਲਕਰਤਾ ਨੂੰ ਉਕਤ ਪੱਤਰ ਮਿਤੀ 7-2-2020 ਰਾਹੀਂ ਸੂਚਨਾ ਭੇਜੀ ਗਈ ਸੀ। ਅਪੀਲਕਰਤਾ ਵਲੋਂ ਦਸਿਆ ਗਿਆ ਕਿ ਉਸ ਨੂੰ ਜ਼ੋ ਸੂਚਨਾ ਦਿੱਤੀ ਗਈ ਹੈ ਉਹ ਸਹੀ ਨਹੀਂ ਹੈ । ਕਮਿਸ਼ਨ ਵਲੋਂ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਕਿ ਜੇਕਰ ਉਸਨੂੰ ਪ੍ਰਾਪਤ ਹੋਈ ਸੂਚਨਾ ਵਿਚ ਕੋਈ ਤਰੁੱਟੀਆਂ ਪਾਈਆਂ ਗਈਆਂ ਹਨ ਤਾਂ ਉਨ੍ਹਾਂ ਬਾਰੇ ਸਿੱਧੇ ਤੌਰ ਤੇ ਉੱਤਰਦਾਤਾ ਨੂੰ ਲਿਖਤੀ ਰੂਪ ਵਿਚ ਦਿਤਾ ਜਾਵੇ। ਪਰ ਅਪੀਲਕਰਤਾ ਵਲੋਂ ਪੇਸ਼ੀ ਦੋਰਾਨ ਕਿਹਾ ਗਿਆ ਕਿ ਉਹ ਕੋਈ ਤਰੁਟੀਆਂ ਨੋਟ ਨਹੀਂ ਕਰਵਾਉਣਾ ਚਾਹੁੰਦਾ। ਇਸ ਲਈ ਇਸ ਕੇਸ ਨੂੰ ਹੋਰ ਚਲਾਉਣ ਦੀ ਲੋੜ ਨਹੀਂ। ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 11 ਫਰਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**STATE INFORMATION PUNJAB COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਸੁਦੇਸ਼ ਕੁਮਾਰ ਸ਼ਰਮਾਂ 9501274063
362 ਫੇਸ 1 ਮੁਹਾਲੀ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਪੰਜਾਬ ਸਮਾਲ ਇੰਡਸਟਰੀਜ਼ ਐਂਡ ਟੇਕਸਪੋਰਟ ਕਾਰਪੋਰੇਸ਼ਨ ਲਿਮ: ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਪੰਜਾਬ ਸਮਾਲ ਇੰਡਸਟਰੀਜ਼ ਐਂਡ ਟੇਕਸਪੋਰਟ ਕਾਰਪੋਰੇਸ਼ਨ ਲਿਮ: ਚੰਡੀਗੜ੍ਹ -----ਉੱਤਰਦਾਤਾ

**ਅਪੀਲ ਕੇਸ ਨੰ: 42 ਆਫ 2020**

**ਹਾਜ਼ਰ**

1) ਅਪੀਲਕਰਤਾ ਸ੍ਰੀ ਸੁਦੇਸ਼ ਕੁਮਾਰ ਸ਼ਰਮਾਂ
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਕਰਨ ਲਾਂਬਾ, ਸਹਾਇਕ ਅਤੇ ਵਿਨੋਦ ਕੁਮਾਰ, ਡਿਪਟੀ ਮੈਨੇਜਰ (9815155158)

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ29-5-2019 , ਲੋਕ ਸੂਚਨਾ ਅਧਿਕਾਰੀ ਪੰਜਾਬ ਸਮਾਲ ਇੰਡਸਟਰੀਜ਼ ਐਂਡ ਟੇਕਸਪੋਰਟ ਕਾਰਪੋਰੇਸ਼ਨ ਲਿਮ: ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੀ.ਐਸ.ਆਈ.ਸੀ. ਵਲੋਂ ਜ਼ਾਰੀ ਕੀਤਾ ਸੋ ਕਾਜ ਨੋਟਿਸ ਨਾਲ ਸਬੰਧਤ10 ਨੁਕਤਿਆਂ ਸਬੰਧੀ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 16-7-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 20-12-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-1-2020 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-2-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਸ੍ਰੀ ਸੁਦੇਸ਼ ਕੁਮਾਰ ਸ਼ਰਮਾਂ ਅੱਜ ਪੇਸ਼ੀ ਤੇ ਹਾਜ਼ਰ ਹੋਇਆ। ਉਸ ਵਲੋਂ ਦਸਿਆ ਗਿਆ ਕਿ ਉੱਤਰਦਾਤਾ ਵਲੋਂ ਸਹੀ ਜਾਣਕਾਰੀ ਨਹੀ਼ ਦਿੱਤੀ ਜਾ ਰਹੀ। ਇਸ ਸਬੰਧ ਵਿਚ ਉਸ ਵਲੋਂ ਵਾਰ ਵਾਰ ਰਿਮਾਇੰਡਰ ਵੀ ਦਿੱਤਾ ਜਾ ਰਿਹਾ ਹੈ। ਪਰ ਸੂਚਨਾ ਨਹੀਂ ਦਿੱਤੀ ਗਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਕਰਨ ਲਾਂਬਾ, ਸਹਾਇਕ ਅਤੇ ਵਿਨੋਦ ਕੁਮਾਰ, ਡਿਪਟੀ ਮੈਨੇਜਰ ਹਾਜ਼ਰ ਹੋਇਆ, ਉਸ ਵਲੋਂ ਪੱਤਰ ਨ: ਪੀ.ਐਸ.ਆਈ.ਈ.ਸੀ./ਪੀ.ਈ.ਆਰ./ਏ-1/36410-413 ਮਿਤੀ 20-11-2019 ਪੇਸ਼ ਕੀਤਾ ਗਿਆ ਜੋ਼ ਅਪੀਲਕਰਤਾ ਨੂੰ ਸੰਬੋਧਤ ਹੈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਤੋਂ ਇਲਾਵਾ ਉਨ੍ਹਾਂ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਪਹਿਲੀ ਅਪੀਲੀ ਅਥਾਰਟੀ ਦੇ ਹੁਕੱਮਾਂ ਅਨੁਸਾਰ ਰਿਕਾਰਡ ਦੀ ਇੰਨਸਪੈਕਸਨ ਕਰਵਾ ਕੇ ਮੰਗੀ ਗਈ ਸੂਚਨਾ ਦੇ ਦਿੱਤੀ ਗਈ ਸੀ

4. ਅਪੀਲਕਰਤਾ ਅਨੁਸਾਰ ਉਸਨੂੰ ਅਜੇ ਵੀ ਮੁਕੰਮਲ ਸੂਚਨਾ ਮੁਹੱਈਆ ਨਹੀਂ ਕਰਵਾਈ ਜਾ ਰਹੀ ਜਦੋਂ ਕਿ ਉੱਤਰਦਾਤਾ ਅਨੁਸਾਰ ਅਪੀਲਕਰਤਾ ਨੂੰ ਪਹਿਲੀ ਅਪੀਲੀ ਅਥਾਰਟੀ ਦੇ ਹੁਕੱਮਾਂ ਅਨੁਸਾਰ ਰਿਕਾਰਡ ਦੀ ਇੰਨਸਪੈਕਸਨ ਕਰਵਾ ਕੇ ਮੰਗੀ ਗਈ ਸੂਚਨਾ ਦੇ ਦਿੱਤੀ ਗਈ ਸੀ। ਅਪੀਲਕਰਤਾ ਵਲੋਂ ਦਸੇ ਅਨੁਸਾਰ ਉਸ ਨੂੰ ਆਰ.ਟੀ.ਆਈ. ਅਰਜੀ ਅਨੁਸਾਰ ਮੰਗੇ ਗਏ ਦਸਤਾਵੇਜ਼ ਨਹੀਂ ਦਿਤੇ ਗਏ। ਇਸ ਲਈ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਕਿ ਅਪੀਲਕਰਤਾ ਨੂੰ ਮੁੜ ਰਿਕਾਰਡ ਦੀ ਇੰਸਪੈਕਸ਼ਨ ਕਰਵਾਈ ਜਾਵੇ ਅਤੇ ਨਿਸ਼ਾਨਦੇਹੀ ਕਰਨ ਤੇ ਉਹ ਰਿਕਾਰਡ ਜੋ਼ 200 ਪੰਨੇ ਤੋਂ ਘੱਟ ਹੋਵੇ ਤਾਂ ਬਿਨ੍ਹਾਂ ਕਿਸੇ ਅਦਾਇਗੀ ਦੇ ਮੁੱਹਈਆ ਕਰਵਾਈ ਜਾਵੇ ਅਤੇ ਜੇਕਰ ਵੱਧ ਪੰਨੇ ਹੋਣ ਤਾਂ ਰੁ: 2/- ਪ੍ਰਤੀ ਪੰਨਾ ਫੀਸ ਜਮ੍ਹਾਂ ਕਰਵਾ ਕੇ ਦੇ ਦਿੱਤੇ ਜਾਣ ਅਤੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 12-03-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 11 ਫਰਵਰੀ, 2020. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**STATE INFORMATION PUNJAB COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਅਮਿਤ ਸ਼ਰਮਾਂ ਪੁੱਤਰ ਸ੍ਰੀ ਰਜਿੰਦਰ ਪ੍ਰਸ਼ਾਦ 9463066779
ਵਾਰਡ ਨੰ: 1 ਮਕਾਨ ਨੰ: 297 ਬਾਗੜੀਆ ਰੋਡ ਧੁਰੀ, ਜ਼ਿਲ੍ਹਾ ਸੰਗਰੂਰ -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਦਫਤਰ ਐਸ.ਐਸ.ਪੀ. ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਆਈ.ਜੀ.ਪੀ. ਪਟਿਆਲਾ ਜ਼ੋਨ, ਪਟਿਆਲਾ। -----ਉੱਤਰਦਾਤਾ

**ਅਪੀਲ ਕੇਸ ਨੰ:11 ਆਫ 2020**

**ਹਾਜ਼ਰ**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਅਜਾਇਬ ਸਿੰਘ, ਐਸ.ਆਈ. (8454545411)

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 20-8-2019, ਲੋਕ ਸੂਚਨਾ ਅਧਿਕਾਰੀ ਦਫਤਰ ਐਸ.ਐਸ.ਪੀ. ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਾਲ 2018-19 ਦੋਰਾਨ ਦਰਖਾਸਤ ਨ: 10913/ਪੀ ਮਿਤੀ 11-10-2018 ਨਾਲ ਸਬਧਤ 3 ਨੁਕਤਿਆਂ ਸਬੰਧੀ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 3-10-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 19-12-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-1-2020 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-2-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ, ਪਰ ਉਸ ਵਲੋਂ ਈ.ਮੇਲ. ਮਿਤੀ 16-1-2020 ਰਾਹੀਂ ਦਸਿਆ ਗਿਆ ਕਿ ਉਹ ਹਾਜ਼ਰ ਨਹੀਂ ਹੋ ਸਕਦਾ ਅਤੇ ਉਸਨੂੰ ਅਜੇ ਸੂਚਨਾ ਪ੍ਰਾਪਤ ਨਹੀਂ ਹੋਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਅਜਾਇਬ ਸਿੰਘ, ਐਸ.ਆਈ.ਹਾਜ਼ਰ ਹੋਇਆ ਉਸ ਵਲੋਂ ਪੱਤਰ ਨ: 09/ਆਰ.ਟੀ.ਆਈ. ਮਿਤੀ 10-2-2020 ਪੇਸ਼ ਕੀਤਾ ਗਿਆ ਜ਼ੋ ਕਮਿਸ਼ਨ ਨੂੰ ਸੰਬੋਧਤ ਹੈ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਤੋਂ ਇਲਾਵਾ ਇਕ ਹੋਰ ਪੱਤਰ ਮਿਤੀ 25-1-2020 ਡਾਕ ਰਾਹੀਂ ਪ੍ਰਾਪਤ ਹੋਇਆ ਸੀ ਜਿਸ ਰਾਹੀਂ ਪੀ.ਆਈ.ਓ ਨੂੰ ਕੇਸ ਅਟੈਂਡ ਕਰਨ ਲਈ ਹਦਾਇਤ ਕੀਤੀ ਗਈ ਸੀ।

4. ਉੱਤਰਦਾਤਾ ਵਲੋਂ ਪੇਸ਼ ਕੀਤੇ ਗਏ ਉਕਤ ਪੱਤਰ ਮਿਤੀ 10-2-2020 ਰਾਹੀਂ ਸੂਚਿਤ ਕੀਤਾ ਗਿਆ ਹੈ ਕਿ ਪਹਿਲਾਂ ਪ੍ਰਾਰਥੀ ਵਲੋਂ ਮੰਗੀ ਗਈ ਸੂਚਨਾ ਸਬੰਧੀ ਦਰਖਾਸਤ ਕਿਸ ਵਿਅਕਤੀ ਵਲੋਂ ਕਿਸ ਖਿਲਾਫ ਹੈ ਸਬੰਧੀ ਨਹੀਂ ਦਸਿਆ ਗਿਆ ਸੀ ਉਸਨੂੰ ਦਫਤਰ ਬੁਲਾ ਕੇ ਦਰਖਾਸਤ ਸਬੰਧੀ ਜਾਣਕਾਰੀ ਹਾਸਲ ਕਰਕੇ ਮੰਗੀ ਗਈ ਸੂਚਨਾ ਦੇ ਕੁਲ 81 ਪੰਨੇ ਪ੍ਰਾਰਥੀ ਅਮਿਤ ਸ਼ਰਮਾਂ ਨੂੰ ਉਸਦੇ ਦਸਤਖਤਾਂ ਹੇਠ ਮੁਹੱਈਆ ਕਰਵਾ ਦਿੱਤੇ ਗਏ ਹਨ। ਇਸ ਸਬੰਧ ਵਿਚ ਅਪੀਲਕਰਤਾ ਦੇ ਬਿਆਨ ਦੀ ਕਾਪੀ ਪੇਸ਼ ਕੀਤੀ ਗਈ ਜਿਸ ਅਨੁਸਾਰ ਉਸਨੇ ਲਿਖ ਕੇ ਦਿੱਤਾ ਹੈ ਕਿ ਉਸਨੂੰ ਸੂਚਨਾ ਪ੍ਰਾਪਤ ਹੋ ਗਈ ਹੈ ਅਤੇ ਉਸ ਵਲੋਂ ਕੀਤਾ ਗਿਆ ਅਪੀਲ ਕੇਸ 11/2020 ਦਾਖਲ ਦਫਤਰ ਕੀਤਾ ਜਾਵੇ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਹ **ਅਪੀਲ ਕੇਸ ਦਾਖਲ ਦਫਤਰ ਕੀਤਾ** ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 11 ਫਰਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**STATE INFORMATION PUNJAB COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਅਜੈ ਨੰਦ /ਅਜੈ ਕੁਮਾਰ ਮਹਿਤਾ 9814646309
ਸੀ 118 ਈਸਟ ਮੋਹਨ ਨਗਰ ਚਮਰਾਂਗ ਰੋਡ ਅੰਮ੍ਰਿਤਸਰ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਦਫਤਰ ਐਸ.ਐਸ.ਪੀ. ਵਿਜੀਲੈਂਸ ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਐਸ.ਐਸ.ਪੀ. ਵਿਜੀਲੈਂਸ ਅੰਮ੍ਰਿਤਸਰ। -----ਉੱਤਰਦਾਤਾ

**ਅਪੀਲ ਕੇਸ ਨੰ: 55 ਆਫ 2020**

**ਹਾਜ਼ਰ**

1) ਅਪੀਲਕਰਤਾ ਸ੍ਰੀ ਅਜੈ ਨੰਦ
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਮਨਜੀਤ ਸਿੰਘ ਐਸ.ਆਈ. (8054925810) ਅਤੇ ਸ੍ਰੀ ਹਰਪ੍ਰੀਤ ਸਿੰਘ ਡੀ.ਐਸ..ਪੀ. 9914197364)

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 21-1-2019, ਲੋਕ ਸੂਚਨਾ ਅਧਿਕਾਰੀ ਦਫਤਰ ਐਸ.ਐਸ.ਪੀ. ਵਿਜੀਲੈਂਸ ਅੰਮ੍ਰਿਤਸਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਰਕਾਰੀ ਮੁਲਾਜਮਾਂ ਵਲੋਂ ਕਰਪਸ਼ਨ ਨਾਲ ਸੰਬਧਤ 5 ਨੁਕਤਿਆਂ ਸਬੰਧੀ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸਹੀ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 6-11-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 23-12-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-1-2020 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-2-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਸ੍ਰੀ ਅਜੈ ਨੰਦ ਅੱਜ ਪੇਸ਼ੀ ਤੇ ਹਾਜ਼ਰ ਹੋਇਆ, ਉਸ ਵਲੋ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਮੁਕੰਮਲ ਅਤੇ ਸਹੀ ਸੂਚਨਾ ਨਹੀਂ ਦਿੱਤੀ ਗਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਮਨਜੀਤ ਸਿੰਘ ਐਸ.ਆਈ. ਅਤੇ ਸ੍ਰੀ ਹਰਪ੍ਰੀਤ ਸਿੰਘ ਡੀ.ਐਸ..ਪੀ. ਹਾਜ਼ਰ ਹੋਏ, ਉਨ੍ਹਾਂ ਵਲੋਂ ਪੱਤਰ ਨੰ: 818 /ਵ.ਬ./ਆਰ.ਟੀ.ਆਈ. ਮਿਤੀ 6-2-2020 ਪੇਸ਼ ਕੀਤਾ ਗਿਆ ਜ਼ੋ ਕਮਿਸ਼ਨ ਨੂੰ ਸੰਬੋਧਤ ਹੈ ਅਤੇ ਉੱਤਾਰਾ ਅਪੀਲਕਰਤਾ ਨੂੰ ਕੀਤਾ ਗਿਆ ਹੈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ

4. ਅਪੀਲਕਰਤਾ ਵਲੋਂ ਦਸੇ ਅਨੁਸਾਰ ਉਸਨੂੰ ਅਜੇ ਤੱਕ ਮੁਕੰਮਲ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਅੱਜ ਪੇਸ਼ੀ ਦੋਰਾਨ ਉੱਤਰਦਾਤਾ ਵਲੋਂ ਹਾਜ਼ਰ ਨੁਮਾਇੰਦਿਆਂ ਵਲੋਂ ਉਕੱਤ ਪੱਤਰ ਰਾਹੀਂ ਅਪੀਲਕਰਤਾ ਵਲੋਂ ਮੰਗੀ ਗਈ ਸੂਚਨਾ ਸਬੰਧੀ ਨੁਕਤਾਵਾਰ ਜਾਣਕਾਰੀ ਮੁਹੱਈਆ ਕਰਵਾ ਦਿੱਤੀ ਗਈ। ਜਿਸਦੀ ਕਾਪੀ ਅਪੀਲਕਰਤਾ ਨੂੰ ਮੋਕੇ ਤੇ ਪੇਸ਼ੀ ਦੋਰਾਨ ਦੇ ਦਿਤੀ ਗਈ। ਇਸ ਲਈ ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 11 ਫਰਵਰੀ, 2020.**

**STATE INFORMATION PUNJAB COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਅਭਿਸ਼ੇਕ ਗਰਗ ਪੁੱਤਰ ਸ੍ਰੀ ਨਰਸੀ ਦਾਸ 9446308135
ਅਗਰਵਾਲ ਕਲੋਨੀ ਵਾਰਡ 5 ਨੇੜੇ ਸੁੰਦਰੀ ਗਰਲਜ਼ ਕਾਲਿਜ, ਮਾਨਸਾ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਐਸ.ਐਸ.ਐਸ.ਬੋਰਡ, ਪੰਜਾਬ ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਐਸ.ਐਸ.ਐਸ.ਬੋਰਡ, ਪੰਜਾਬ ਮੁਹਾਲੀ। -----ਉੱਤਰਦਾਤਾ

**ਅਪੀਲ ਕੇਸ ਨੰ: 72 ਆਫ 2020**

**ਹਾਜ਼ਰ**

1) ਅਪੀਲਕਰਤਾ ਸ੍ਰੀ ਅਭਿਸ਼ੇਕ ਗਰਗ
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਅਮਨਦੀਪ ਸਿੰਘ, ਕਲਰਕ (9646047915)

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 23-10-2019, ਲੋਕ ਸੂਚਨਾ ਅਧਿਕਾਰੀ ਦਫਤਰ ਐਸ.ਐਸ.ਐਸ.ਬੋਰਡ, ਪੰਜਾਬ ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਿਵਲ ਰਿਟ ਪਟਿਸ਼ਨ ਨੰ: 9568 ਆਫ 2018, ਮਿਤੀ 24-7-2019 ਦੇ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਹੁਕੱਮਾਂ ਤੋਂ ਬਾਅਦ ਵਿਭਾਗ ਵਲੋਂ ਕੀਤੀ ਗਈ ਕਾਰਵਾਈ ਦੀ ਤਸਦੀਕ ਸੁਦਾ ਨਕਲ ਸਬੰਧੀ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 23-11-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 27-12-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-1-2020 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-2-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਸ੍ਰੀ ਅਭਿਸ਼ੇਕ ਗਰਗ ਵਲੋਂ ਦਸਿਆ ਗਿਆ ਕਿ ਉਸ ਵਲੋਂ ਮੰਗੀ ਗਈ ਸੂਚਨਾ ਅਜੇ ਤੱਕ ਮੁਹੱਈਆ ਨਹੀਂ ਕਰਵਾਈ ਗਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਅਮਨਦੀਪ ਸਿੰਘ, ਕਲਰਕ ਵਲੋਂ ਪੱਤਰ ਨ: 1/09/2020/ਅ2(ਅਸਚਬ)/211 ਮਿਤੀ 3-2-2020 ਪੇਸ਼ ਕੀਤਾ ਗਿਆ ਜ਼ੋ ਕਮਿਸ਼ਨ ਨੂੰ ਸੰਬੋਧਤ ਹੈ ਅਤੇ ਅਪੀਲਕਰਤਾ ਨੂੰ ਉਤਾਰਾ ਕੀਤਾ ਗਿਆ ਹੈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ ਵਲੋਂ ਪੇਸ਼ ਕੀਤੇ ਗਏ ਉਕਤ ਪੱਤਰ ਮਿਤੀ 3-2-2020 ਰਾਹੀਂ ਅਪੀਲਕਰਤਾ ਨੂੰ ਸੂਚਿਤ ਕੀਤਾ ਗਿਆ ਹੈ ਕਿ ਉਸਨੂੰ ਮੰਗੀ ਗਈ ਸੂਚਨਾ ਪਹਿਲਾਂ ਹੀ ਪੱਤਰ ਨੰ: 190 ਮਿਤੀ 29-1-2020 ਰਾਹੀਂ ਮੁਹੱਈਆ ਕਰਵਾਈ ਜਾ ਚੁੱਕੀ ਹੈ। ਜਿਸਦੀ ਕਾਪੀ ਹੁਣ ਵੀ ਪੇਸ਼ ਕੀਤੀ ਗਈ ਹੈ। ਜਿਸ ਅਨੁਸਾਰ ਦਸਿਆ ਗਿਆ ਹੈ ਕਿ ਐਸ.ਐਸ.ਐਸ. ਬੋਰਡ ਵਲੋਂ ਉਕਤ ਸਿਵਲ ਰਿਟ ਪਟਿਸ਼ਨ ਨੰ: 9568 ਆਫ 2018, ਮਿਤੀ 24-7-2019 ਦੇ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਹੁਕੱਮਾਂ ਵਿਰੁੱਧ ਅਪੀਲ /ਐਲ.ਪੀ.ਏ. ਨੰ: 2059 ਆਫ 2019 ਦਾਇਰ ਕਰ ਦਿੱਤੀ ਗਈ ਹੈ। ਇਸ ਲਈ ਇਹ ਸੂਚਨਾ ਕੋਰਟ ਵਿਚ ਚਲਦੇ ਕੇਸ ਕਾਰਨ ਨਹੀਂ ਦਿੱਤੀ ਜਾ ਸਕਦੀ। ਇਸ ਤਰ੍ਹਾਂ ਉੱਤਰਦਾਤਾ ਵਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਸਹੀ ਹੈ ਅਤੇ ਕਮਿਸ਼ਨ ਦਿੱਤੀ ਗਈ ਸੂਚਨਾ ਤੋਂ ਸੰਤੁਸ਼ਟ ਹੈ। ਇਸ ਲਈ **ਇਹ ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 11 ਫਰਵਰੀ, 2020.**

**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**STATE INFORMATION PUNJAB COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਹਰਦੇਵ ਸਿੰਘ, ਪੁੱਤਰ ਸ੍ਰੀ ਬੀਕਰ ਸਿੰਘ।
ਗਲੀ ਨੰ: 3, ਕ੍ਰਿਸ਼ਨਪੁਰਾ ਬਸਤੀ ਜੁਝਾਰ ਨਗਰ, ਸੰਗਰੂਰ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਐਸ.ਡੀ.ਐਮ. ਕਮ ਰਜਿਸਟਰੇਸ਼ਨ ਅਥਾਰਟੀ ਸੁਨਾਮ,ਜ਼ਿਲ੍ਹਾ ਸੰਗਰੂਰ ।

ਪਹਿਲੀ ਅਪੀਲੀ ਅਥਾਰਟੀ,
ਐਸ.ਡੀ.ਐਮ. ਕਮ ਰਜਿਸਟਰੇਸ਼ਨ ਅਥਾਰਟੀ ਸੁਨਾਮ,ਜ਼ਿਲ੍ਹਾ ਸੰਗਰੂਰ। -----ਉੱਤਰਦਾਤਾ

**ਅਪੀਲ ਕੇਸ ਨੰ: 121 ਆਫ 2020**

**ਹਾਜ਼ਰ**

1) ਅਪੀਲਕਰਤਾ ਸ੍ਰੀ ਹਰਦੇਵ ਸਿੰਘ ਅਤੇ ਸ੍ਰੀ ਰਵੀ ਜ਼ਿਦਲ, ਵਕੀਲ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਮਨਜੀਤ ਸਿੰਘ, ਪੀ.ਆਈ.ਓ. ਸੀਨੀਅਰ ਸਹਾਇਕ(9814568014)

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 9-9-2019, ਲੋਕ ਸੂਚਨਾ ਅਧਿਕਾਰੀ ਦਫਤਰ ਐਸ.ਡੀ.ਐਮ. ਕਮ ਰਜਿਸਟਰੇਸ਼ਨ ਅਥਾਰਟੀ ਸੁਨਾਮ,ਜ਼ਿਲ੍ਹਾ ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਰ.ਟੀ.ਆਈ. ਅਰਜੀ ਵਿਚ ਦਿੱਤੇ ਗਏ ਨੰਬਰਾਂ ਦੀ ਰਜਿਸਟਰੇਸ਼ਨ ਸਮੇ ਜ਼ੋ ਦਸਤਾਵੇਜ਼ ਲਗਾਏ ਗਏ ਸਨ ਨਾਲ ਸਬੰਧੀ 3 ਨੁਕਤਿਆਂ ਸਬੰਧੀ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 14-11-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 30-12-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-1-2020 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-2-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਸ੍ਰੀ ਹਰਦੇਵ ਸਿੰਘ ਅਤੇ ਸ੍ਰੀ ਰਵੀ ਜ਼ਿਦਲ,ਵਕੀਲ ਹਾਜ਼ਰ ਹੋਏ ਵਕੀਲ ਨੇ ਆਪਣਾ ਬਕਾਲਤਨਾਮਾਂ ਪੇਸ਼ ਕੀਤਾ ਗਿਆ।ਇਸ ਦੇ ਨਾਲ ਹੀ ਦਸਿਆ ਗਿਆ ਕਿ ਉੱਤਰਦਾਤਾ ਵਲੋਂ ਉਨ੍ਹਾਂ ਨੂੰ ਸਹੀ ਜਾਣਕਾਰੀ ਨਹੀਂ ਦਿੱਤੀ ਜਾ ਰਹੀ

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਮਨਜੀਤ ਸਿੰਘ, ਪੀ.ਆਈ.ਓ. ਸੀਨੀਅਰ ਸਹਾਇਕ ਪੇਸ਼ ਹੋਏ। ਉਨ੍ਹਾਂ ਵਲੋਂ ਪੱਤਰ ਨੰ: 78/ਆਰ.ਟੀ.ਆਈ. ਮਿਤੀ 10-02-2020 ਪੇਸ਼ ਕੀਤਾ ਗਿਆ ਜ਼ੋ ਕਮਿਸ਼ਨ ਨੂੰ ਸੰਬੋਧਤ ਹੈ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ ਵਲੋਂ ਪੇਸ਼ ਕੀਤੇ ਗਏ ਪੱਤਰ ਮਿਤੀ 10-2-2020 ਅਨੁਸਾਰ ਉਨ੍ਹਾਂ ਵਲੋਂ ਕੇਵਲ ਆਪਣੇ ਦਫਤਰ ਦੇ ਸਬੰਧਤ ਕਰਮਚਾਰੀ ਨਾਲ ਕੀਤੇ ਗਏ ਪੱਤਰ ਵਿਹਾਰ ਬਾਰੇ ਹੀ ਦਸਿਆ ਗਿਆ ਅਤੇ ਦਸਿਆ ਗਿਆ ਕਿ ਸਬੰਧਤ ਡੀਲਿੰਗ ਹੈਡ ਦੀ ਮ੍ਰਿਤੂ ਹੋ ਚੁੱਕੀ ਹੈ, ਰਿਕਾਰਡ ਮਿਲਣ ਤੇ ਅਪੀਲਕਰਤਾ ਨੂੰ ਸੂਚਨਾ ਦੇ ਦਿਤੀ ਜਾਵੇਗੀ। ਅਪੀਲਕਰਤਾ ਨੂੰ ਕੇਵਲ 22-1-2020 ਰਾਹੀਂ ਪੱਤਰ ਲਿਖਦੇ ਹੋਏ ਸੂਚਿਤ ਕੀਤਾ ਗਿਆ ਕਿ ਰਿਕਾਰਡ ਟਰੇਸ਼ ਕੀਤਾ ਜਾ ਰਿਹਾ ਹੈ। ਜਦੋਂ ਕਿ ਅਪੀਲਕਰਤਾ ਵਲੋਂ ਮਿਤੀ 9-9-2019 ਨੂੰ ਅਰਜੀ ਦਾਖਲ ਕੀਤੀ ਗਈ ਸੀ। ਉੱਤਰਦਾਤਾ ਦਾ ਇਹ ਕਹਿਣਾ ਕਿ ਸਬੰਧਤ ਕਰਮਚਾਰੀ ਦੀ ਮੌਤ ਹੋ ਚੁੱਕੀ ਹੈ ਜਿਸ ਕਾਰਨ ਸੂਚਨਾ ਵਿਚ ਦੇਰੀ ਹੋਈ ਹੈ, ਮਨੰਣਯੋਗ ਨਹੀਂ ਹੈ, ਕਿਉਂਜੋ ਪੀ.ਆਈ.ਓ.ਆਪਣੇ ਪੱਧਰ ਤੇ ਕਿਸੇ ਹੋਰ ਕਰਮਚਾਰੀ ਤੋਂ ਸੂਚਨਾ ਤਿਆਰ ਕਰਵਾਕੇ ਸਮੇਂ ਸਿਰ ਸੂਚਨਾ ਦੇ ਸਕਦਾ ਸੀ, ਪਰ ਉਸ ਵਲੋਂ ਅਜਿਹਾ ਨਹੀਂ ਕੀਤਾ ਗਿਆ ਜਿਸਦਾ ਕਮਿਸ਼ਨ ਵਲੋਂ ਸਖਤ ਨੋਟਿਸ ਲਿਆ ਗਿਆ ਹੈ। ਇਸ ਲਈ ਉੱਤਰਦਾਤਾ ਨੂੰ ਇਕ ਹੋਰ ਮੌਕਾ ਦਿੰਦੇ ਹੋਏ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਕਰਵਾਈ ਜਾਵੇ ਅਤੇ ਲੇਟ ਸੂਚਨਾ ਦੇਣ ਸਬੰਧੀ ਕਾਰਵਾਈ ਬਾਅਦ ਵਿਚ ਕੀਤੀ ਜਾਵੇਗੀ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 04-03-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 11 ਫਰਵਰੀ, 2020.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**STATE INFORMATION PUNJAB COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਵਿਕਰਮਜੀਤ ਸਿੰਘ ਪੁੱਤਰ ਸ੍ਰੀ ਦਲਬੀਰ ਸਿੰਘ 7986130480
ਮਕਾਨ ਨ: 8, ਫੇਜ਼ 3 ਸਵਿਸ ਸਿਟੀ ਗੁਮਤਲਾ ਬਾਈਪਾਸ, ਅੰਮ੍ਰਿਤਸਰ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਦਫਤਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ।

ਪਹਿਲੀ ਅਪੀਲੀ ਅਥਾਰਟੀ,
ਵਾਈ ਚਾਂਸਲਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ। -----ਉੱਤਰਦਾਤਾ

**ਅਪੀਲ ਕੇਸ ਨੰ: 130 ਆਫ 2020**

**ਹਾਜ਼ਰ**

1) ਅਪੀਲਕਰਤਾ ਸ੍ਰੀ ਵਿਕਰਮਜੀਤ ਸਿੰਘ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਮਨਜੀਤ ਸਿੰਘ, ਰਜਿਸਟਰਾਰ (9417032936)

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-6-2019, ਲੋਕ ਸੂਚਨਾ ਅਧਿਕਾਰੀ ਦਫਤਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਰ.ਟੀ.ਆਈ. ਅਰਜੀ ਵਿਚ ਦਿੱਤੇ ਗਏ ਨੰਬਰਾਂ ਦੀ ਰਜਿਸਟਰੇਸ਼ਨ ਸਮੇ ਜੋ ਦਸਤਾਵੇਜ਼ ਲਗਾਏ ਗਏ ਸਨ ਨਾਲ ਸਬੰਧੀ 14 ਨੁਕਤਿਆਂ ਸਬੰਧੀ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 14-8-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 30-12-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-1-2020 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-2-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਸ੍ਰੀ ਵਿਕਰਮਜੀਤ ਸਿੰਘ ਅੱਜ ਪੇਸ਼ੀ ਤੇ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਮੁਕੰਮਲ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਨੁਕਤਾ ਨੰ: 11, 12 ਅਤੇ 14 ਸਬੰਧੀ ਸੂਚਨਾ ਅਜੇ ਪੈਡਿੰਗ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਮਨਜੀਤ ਸਿੰਘ, ਰਜਿਸਟਰਾਰ ਹਾਜ਼ਰ ਹੋਇਆ, ਉਸ ਵਲੋਂ ਪੱਤਰ ਨ: 58/ਆਰ.ਟੀ.ਆਈ. ਮਿਤੀ 10-2-2020 ਪੇਸ਼ ਕੀਤਾ ਗਿਆ ਜਿਸਦੀ ਕਾਪੀ ਅਪੀਲਕਰਤਾ ਨੂੰ ਵੀ ਕੀਤੀ ਗਈ ਹੈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਅਪੀਲਕਰਤਾ ਵਲੋਂ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਮੁਕੰਮਲ ਸੂਚਨਾ ਨਹੀਂ ਦਿੱਤੀ ਗਈ, ਨੁਕਤਾ ਨੰ: 11, 12 ਅਤੇ 14 ਸਬੰਧੀ ਸੂਚਨਾ ਅਜੇ ਪੈਡਿੰਗ ਹੈ। ਉੱਤਰਦਾਤਾ ਵਲੋਂ ਪੇਸ਼ੀ ਦੋਰਾਨ ਉਕਤ ਪੱਤਰ ਮਿਤੀ 10-2-2020 ਕਮਿਸ਼ਨ ਨੂੰ ਪੇਸ਼ ਕੀਤਾ ਗਿਆ ਅਤੇ ਉਸਦੀ ਕਾਪੀ ਪੇਸ਼ੀ ਦੋਰਾਨ ਅਪੀਲਕਰਤਾ ਨੂੰ ਵੀ ਦਿੱਤੀ ਗਈ । ਜਿਸ ਰਾਹੀਂ ਉਨਾਂ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਵਲੋਂ ਉਠਾਏ ਗਏ ਇਤਰਾਜਾਂ ਸਬੰਧੀ ਸੂਚਨਾ ਇਕਤਰ ਕਰਕੇ ਮਿਤੀ 30-9-2019 ਨੂੰ ਪਹਿਲਾਂ ਹੀ ਭੇਜ਼ ਦਿੱਤੀ ਗਈ ਸੀ। ਇਸ ਉਪਰੰਤ ਅਪੀਲਕਰਤਾ ਵਲੋਂ ਦੂਜੀ ਅਪੀਲ ਵਿਚ ਉਠਾਏ ਇਤਰਾਜ ਜੋ ਨੋਟਿਸ ਨਾਲ ਪ੍ਰਾਪਤ ਨਹੀਂ ਹੋਏ ਸਨ ਅਪੀਲਕਰਤਾ ਪਾਸੋਂ ਮਿਤੀ 5-2-2020 ਨੂੰ ਈ.ਮੇਲ ਰਾਹੀਂ ਪ੍ਰਾਪਤ ਕਰਕੇ ਬਾਕੀ ਰਹਿੰਦੇ ਨੁਕੱਤਾ ਨੰ: 11,12 ਅਤੇ 14 ਸਬੰਧੀ ਮੰਗੀ ਗਈ ਸੂਚਨਾ ਵੀ ਉਕਤ ਪੱਤਰ ਮਿਤੀ 10-2-2020 ਰਾਹੀਂ ਪੇਸ਼ੀ ਦੋਰਾਨ ਅਪੀਲਕਰਤਾ ਨੂੰ ਮੁਹੱਈਆ ਕਰਵਾ ਦਿੱਤੀ ਗਈ ਹੈ। ਇਸ ਲਈ ਇਸ ਕੇਸ ਵਿਚ ਹੋਰ ਕੋਈ ਕਾਰਵਾਈ ਦੀ ਲੋੜ ਨਹੀਂ। ਇਸ ਲਈ ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 11 ਫਰਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**STATE INFORMATION PUNJAB COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਵਿਕਰਮਜੀਤ ਸਿੰਘ ਪੁੱਤਰ ਸ੍ਰੀ ਦਲਬੀਰ ਸਿੰਘ 7986130480
ਮਕਾਨ ਨ: 8, ਫੇਜ਼ 3 ਸਵਿਸ ਸਿਟੀ ਗੁਮਤਲਾ ਬਾਈਪਾਸ, ਅੰਮ੍ਰਿਤਸਰ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਦਫਤਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ।
ਪਹਿਲੀ ਅਪੀਲੀ ਅਥਾਰਟੀ,
ਵਾਈ ਚਾਂਸਲਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ। -----ਉੱਤਰਦਾਤਾ

**ਅਪੀਲ ਕੇਸ ਨੰ: 131 ਆਫ 2020**

**ਹਾਜ਼ਰ**

1) ਅਪੀਲਕਰਤਾ ਸ੍ਰੀ ਵਿਕਰਮਜੀਤ ਸਿੰਘ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਮਨਜੀਤ ਸਿੰਘ, ਰਜਿਸਟਰਾਰ (9417032936)

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-8-2019, ਲੋਕ ਸੂਚਨਾ ਅਧਿਕਾਰੀ ਦਫਤਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਜੇਐਨਡੀ.ਯੂ ਤੋਂ ਪੱਤਰ ਨੰ: 14049 ਨਾਲ ਸਬੰਧਤ 6 ਨੁਕਤਿਆਂ ਸਬੰਧੀ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-9-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 30-12-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-1-2020 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-2-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਸ੍ਰੀ ਵਿਕਰਮਜੀਤ ਸਿੰਘ ਅੱਜ ਪੇਸ਼ੀ ਤੇ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਮੁਕੰਮਲ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ।ਜਦੋਂ ਕਿ ਇਸ ਕੇਸ ਵਿਚ ਇੰਨਕੁਆਰੀ ਮੁਕੰਮਲ ਹੋ ਚੁੱਕੀ ਹੈ ਅਤੇ ਸ਼ਿਕਾਇਤਕਰਤਾ ਦੀ ਬੇਨਤੀ ਤੇ ਕੇਸ ਪਹਿਲਾਂ ਹੀ ਫਾਇਲ ਕੀਤਾ ਜਾ ਚੁੱਕਾਹੈ।ਇਸ ਤਰ੍ਹਾਂ ਕੋਈ ਇੰਨਵੈਸਟੀਗੇਸ਼ਨ ਪੈਡਿਗ ਨਹੀਂ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਮਨਜੀਤ ਸਿੰਘ, ਰਜਿਸਟਰਾਰ ਹਾਜ਼ਰ ਹੋਇਆ, ਉਸ ਵਲੋਂ ਪੱਤਰ ਨ: 64/ਆਰ.ਟੀ.ਆਈ. ਮਿਤੀ 10-2-2020 ਪੇਸ਼ ਕੀਤਾ ਗਿਆ ਜਿਸਦੀ ਕਾਪੀ ਅਪੀਲਕਰਤਾ ਨੂੰ ਵੀ ਕੀਤੀ ਗਈ ਹੈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਅਪੀਲਕਰਤਾ ਵਲੋਂ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਮੁਕੰਮਲ ਸੂਚਨਾ ਧਾਰਾ 8(1)(ਐਚ) ਅਧੀਨ ਨਹੀਂ ਦਿੱਤੀ ਜਾ ਰਹੀ ਜਦੋਂ ਕਿ ਇਹ ਸੂਚਨਾ ਇਸ ਧਾਰਾ ਤਹਿਤ ਕਵਰ ਨਹੀਂ ਹੁੰਦਾ ਕਿਉਂਜੋ ਇਸ ਕੇਸ ਵਿਚ ਇੰਨਕੁਆਰੀ ਮੁਕੰਮਲ ਹੋ ਚੁੱਕੀ ਹੈ ਅਤੇ ਸ਼ਿਕਾਇਤਕਰਤਾ ਦੀ ਬੇਨਤੀ ਤੇ ਕੇਸ ਪਹਿਲਾਂ ਹੀ ਫਾਇਲ ਕੀਤਾ ਜਾ ਚੁੱਕਾ ਹੈ। ਇਸ ਤਰ੍ਹਾਂ ਕੋਈ ਇੰਨਵੈਸਟੀਗੇਸ਼ਨ ਪੈਡਿਗ ਨਹੀਂ ਹੈ। ਉੱਤਰਦਾਤਾ ਵਲੋਂ ਪੇਸ਼ੀ ਦੋਰਾਨ ਉਕਤ ਪੱਤਰ ਮਿਤੀ 10-2-2020 ਕਮਿਸ਼ਨ ਨੂੰ ਪੇਸ਼ ਕੀਤਾ ਗਿਆ ਅਤੇ ਉਸਦੀ ਕਾਪੀ ਪੇਸ਼ੀ ਦੋਰਾਨ ਅਪੀਲਕਰਤਾ ਨੂੰ ਵੀ ਦਿੱਤੀ ਗਈ । ਜਿਸ ਰਾਹੀਂ ਉਨਾਂ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਵਲੋਂ ਉਠਾਏ ਮੰਗੀ ਗਈ ਸੂਚਨਾ ਇਕਤਰ ਕਰਕੇ ਪੱਤਰ ਨ: ਆਰ.ਟੀ.ਆਈ./ਐਫ.ਏਏ./247 ਮਿਤੀ 31-10-2019 ਨੂੰ ਪਹਿਲਾਂ ਹੀ ਭੇਜ਼ ਦਿੱਤੀ ਗਈ ਸੀ। ਇਸ ਉਪਰੰਤ ਅਪੀਲਕਰਤਾ ਵਲੋਂ ਦੂਜੀ ਅਪੀਲ ਵਿਚ ਉਠਾਏ ਇਤਰਾਜ਼ ਜੋ ਨੋਟਿਸ ਨਾਲ ਪ੍ਰਾਪਤ ਨਹੀਂ ਹੋਏ ਸਨ ਅਪੀਲਕਰਤਾ ਪਾਸੋਂ ਮਿਤੀ 5-2-2020 ਨੂੰ ਈ.ਮੇਲ ਰਾਹੀਂ ਪ੍ਰਾਪਤ ਕਰਕੇ ਉਕਤ ਪੱਤਰ ਮਿਤੀ 10-2-2020 ਰਾਹੀਂ ਮੁੜ ਸਪੱਸ਼ਟ ਕੀਤਾ ਗਿਆ ਕਿ ਭਾਂਵੇ ਕਿ ਅਪੀਲਕਰਤਾ ਅਨੁਸਾਰ ਸ਼ਿਕਾਇਤ ਦਾਖਲ ਦਫਤਰ ਕੀਤੀ ਜਾ ਚੁੱਕੀ ਹੈ, ਪਰ ਉੱਤਰਦਾਤਾ ਦੀ ਰਿਪੋਰਟ ਅਨੁਸਾਰ ਉਪਰੋਕਤ ਵਿਸ਼ੇ ਵਿਚ ਇੰਨਕੁਆਰੀ ਦਾ ਮਾਮਲਾ ਅਜੇ ਪੈਡਿੰਗ ਹੈ, ਇਸ ਲਈ ਇਹ ਸੂਚਨਾ ਆਰ.ਟੀ.ਆਈ.ਐਕਟ ਦੀ ਧਾਰਾ 8(1) ਐਚ ਮੁਤਾਬਿਕ ਨਹੀਂ ਦਿਤੀ ਜਾ ਸਕਦੀ। ਇਸ ਲਈ ਇਸ ਕੇਸ ਵਿਚ ਹੋਰ ਕੋਈ ਕਾਰਵਾਈ ਦੀ ਲੋੜ ਨਹੀਂ। ਇਸ ਲਈ ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 11 ਫਰਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**STATE INFORMATION PUNJAB COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਵਿਕਰਮਜੀਤ ਸਿੰਘ ਪੁੱਤਰ ਸ੍ਰੀ ਦਲਬੀਰ ਸਿੰਘ 7986130480
ਮਕਾਨ ਨ: 8, ਫੇਜ਼ 3 ਸਵਿਸ ਸਿਟੀ ਗੁਮਤਲਾ ਬਾਈਪਾਸ, ਅੰਮ੍ਰਿਤਸਰ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਦਫਤਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ।

ਪਹਿਲੀ ਅਪੀਲੀ ਅਥਾਰਟੀ,
ਵਾਈ ਚਾਂਸਲਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ। -----ਉੱਤਰਦਾਤਾ

**ਅਪੀਲ ਕੇਸ ਨੰ: 132 ਆਫ 2020**

**ਹਾਜ਼ਰ**

1) ਅਪੀਲਕਰਤਾ ਸ੍ਰੀ ਵਿਕਰਮਜੀਤ ਸਿੰਘ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਮਨਜੀਤ ਸਿੰਘ, ਰਜਿਸਟਰਾਰ (9417032936)

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-9-2019, ਲੋਕ ਸੂਚਨਾ ਅਧਿਕਾਰੀ ਦਫਤਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਈ.ਮੇਲ ਰਾਹੀਂ ਮਿਤੀ 22 ਮਾਰਚ 2019 ਤੇ 22 ਅਪ੍ਰੈਲ 2019 ਨੂੰ ਹੈਡ ਨੂੰ ਲਿਖੇ ਪੱਤਰ ਦੀ ਕਾਪੀ ਐਮ.ਏ.ਫਿਲੋਸਫੀ ਸਮੈਸਟਰ 3 ਦੇ ਰਿਜਲਟ ਨਾਲ ਸਬੰਧਤ 6 ਨੁਕਤਿਆਂ ਸਬੰਧੀ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 30-11-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 30-12-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-1-2020 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-2-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਸ੍ਰੀ ਵਿਕਰਮਜੀਤ ਸਿੰਘ ਅੱਜ ਪੇਸ਼ੀ ਤੇ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਮੁਕੰਮਲ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ।ਉਸ ਵਲੋਂ ਸਪਸ਼ਟ ਕੀਤਾ ਗਿਆ ਕਿ ਲੜੀ ਨੰ: 1,2 ਅਤੇ 4 ਸਬੰਧੀ ਸਹੀ/ਮੁਕੰਮਲ ਸੂਚਨਾ ਨਹੀਂ ਦਿਤੀ ਗਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਮਨਜੀਤ ਸਿੰਘ, ਰਜਿਸਟਰਾਰ ਹਾਜ਼ਰ ਹੋਇਆ, ਉਸ ਵਲੋਂ ਪੱਤਰ ਨ: 61/ਆਰ.ਟੀ.ਆਈ. ਮਿਤੀ 10-2-2020 ਪੇਸ਼ ਕੀਤਾ ਗਿਆ ਜਿਸਦੀ ਕਾਪੀ ਅਪੀਲਕਰਤਾ ਨੂੰ ਵੀ ਕੀਤੀ ਗਈ ਹੈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਅਪੀਲਕਰਤਾ ਵਲੋਂ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਮੁਕੰਮਲ ਸੂਚਨਾ ਨਹੀਂ ਦਿੱਤੀ ਗਈ।ਇਸ ਤੋਂ ਇਲਾਵਾ ਉਨ੍ਹਾਂ ਵਲੋਂ ਇਹ ਵੀ ਮੰਗ ਕੀਤੀ ਗਈ ਕਿ ਉਹ ਪੀ.ਐਚ.ਡੀ. ਕਰਨਾ ਚਾਹੁੰਦੇ ਹਨ, ਪਰ ਯੂਨੀਵਰਸਿਟੀ ਵਿਚ ਫਿਲੋਸਫੀ ਦਾ ਕੋਈ ਗਾਇਡ ਜਾਂ ਟੀਚਰ ਨਹੀਂ ਹੈ ਅਤੇ ਲੜੀ ਨੰ: 1,2 ਅਤੇ 4 ਸਬੰਧੀ ਸਹੀ/ਮੁਕੰਮਲ ਸੂਚਨਾ ਨਹੀਂ ਦਿਤੀ ਗਈ। ਉੱਤਰਦਾਤਾ ਵਲੋਂ ਉਕਤ ਪੱਤਰ ਮਿਤੀ 10-2-2020 ਪੇਸ਼ ਕੀਤਾ ਗਿਆ ਹੈ ਉਸਦੀ ਕਾਪੀ ਪੇਸ਼ੀ ਦੋਰਾਨ ਅਪੀਲਕਰਤਾ ਨੂੰ ਦਿੱਤੀ ਗਈ। ਜਿਸ ਰਾਹੀਂ ਉਨਾਂ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਪਹਿਲਾਂ ਹੀ ਪੱਤਰ ਨ: ਆਰ.ਟੀ.ਆਈ./283 ਮਿਤੀ 11-12-2019 ਨੂੰ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਇਸ ਉਪਰੰਤ ਅਪੀਲਕਰਤਾ ਵਲੋਂ ਦੂਜੀ ਅਪੀਲ ਵਿਚ ਉਠਾਏ ਇਤਰਾਜ ਜੋ ਨੋਟਿਸ ਨਾਲ ਪ੍ਰਾਪਤ ਨਹੀਂ ਹੋਏ ਸਨ ਅਪੀਲਕਰਤਾ ਪਾਸੋਂ ਮਿਤੀ 5-2-2020 ਨੂੰ ਈ.ਮੇਲ ਰਾਹੀਂ ਪ੍ਰਾਪਤ ਕਰਕੇ ਉਕਤ ਪੱਤਰ ਮਿਤੀ 10-2-2020 ਰਾਹੀਂ ਨੁਕਤਾ ਨੰ: 1,2 ਅਤੇ 4 ਬਾਰੇ ਵੀ ਬਾਕੀ ਰਹਿੰਦੀ ਸੂਚਨਾ ਦੇ ਦਿਤੀ ਗਈ ਹੈ। ਇਸ ਲਈ ਇਸ ਕੇਸ ਵਿਚ ਹੋਰ ਕੋਈ ਕਾਰਵਾਈ ਦੀ ਲੋੜ ਨਹੀਂ। ਇਸ ਲਈ ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 11 ਫਰਵਰੀ, 2020. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**STATE INFORMATION PUNJAB COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸੁਖਵਿੰਦਰ ਸਿੰਘ, ਪੁੱਤਰ ਸ੍ਰੀ ਲਾਲ ਸਿੰਘ,
ਵਾਰਡ ਨੰ: 3/112, ਸੰਗਤ ਨਗਰ, ਧੂਰੀ, ਜਿਲਾ ਸੰਗਰੂਰ ---------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ, ਦਫਤਰ, ਈ.ਓ., ਐਨ ਸੀ,
ਧੂਰੀ, ਜਿਲਾ ਸੰਗਰੂਰ ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਡਾਇਰੈਕਟਰ, ਲੋਕਲ ਗੋਰਮਿੰਟ, ਪਟਿਆਲਾ । -----------ਉੱਤਰਦਾਤਾ

**ਅਪੀਲ ਕੇਸ ਨੰ: 3664/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 08-03-2019, ਲੋਕ ਸੂਚਨਾ ਅਧਿਕਾਰੀ ਦਫਤਰ ਈ.ਓ. ਐਨ.ਸੀ. ਧੂਰੀ, ਜਿਲ੍ਹਾ ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਇਕ 5 ਵਿਸਵੇ ਦੇ ਪਲਾਟ ਦੀ ਖਰੀਦ ਰਜਿਸਟਰੀ ਮਿਤੀ 13-02-2017 ਨੂੰ ਸਬ ਰਜਿਸਟਰਾਰ ਧੂਰੀ ਪਾਸੋ ਕਰਵਾਈ ਸੀ । ਉਸ ਵਲੋਂ ਇਸ ਪਲਾਟ ਤੇ ਬੈਂਕ ਪਾਸੋ ਲੋਨ ਲੈ ਕੇ ਮਕਾਨ ਦੀ ਉਸਾਰੀ ਕੀਤੀ ਜਾਣੀ ਹੈ, ਜਿਸ ਸਬੰਧੀ ਵਿਚ ਉਸਨੂੰ ਦਸਤਾਵੇਜ਼ਾਂ ਦੀ ਲੋੜ ਹੈ ਜਿਸ ਕਰਕੇ ਉਸ ਵਲੋਂ ਇਨ੍ਹਾਂ ਦਸਤਾਵੇਜ਼ਾਂ ਅਤੇ ਸਰਕਾਰ ਦੇ ਰੂਲਾਂ ਨੋਟਿਫਿਕੇਸ਼ਨਾਂ ਆਦਿ ਦੀ ਮੰਗ ਕੀਤੀ ਗਈ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 11-07-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 30-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 25-10-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 19-11-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਵਲੋਂ ਮਿਤੀ 15-01-2020 ਨੂੰ ਅਪੀਲਕਰਤਾ ਵਲੋਂ ਆਪਣੀ ਈ.ਮੇਲ. ਮਿਤੀ 12.11.2019 ਜ਼ੋ ਚੀਫ ਸਟੇਟ ਇੰਨਫਰਮੇਸ਼ਨ ਕਮਿਸ਼ਨਰ, ਪੰਜਾਬ ਜੀ ਨੂੰ ਸੰਬੋਧਤ ਸੀ ਅਤੇ ਉਤਾਰਾ ਇਸ ਕਮਿਸ਼ਨ ਨੂੰ ਵੀ ਕੀਤਾ ਗਿਆ ਸੀ। ਜਿਸ ਰਾਹੀਂ ਬੇਨਤੀ ਕੀਤੀ ਗਈ ਹੈ ਕਿ ਉਹ ਇਸ ਬੈਂਚ ਪਾਸੋਂ ਸੁਣਵਾਈ ਨਹੀਂ ਕਰਾਉਣਾ ਚਾਹੁੰਦਾ।ਇਸ ਲਈ ਚੀਫ ਸਟੇਟ ਇੰਨਫਰਮੇਸ਼ਨ ਕਮਿਸ਼ਨਰ, ਪੰਜਾਬ ਜੀ ਵਲੋਂ ਉਸਦੀ ਇਸ ਪ੍ਰਤੀ ਬੇਨਤੀ ਦੇ ਆਧਾਰ ਤੇ ਮਿਤੀ 19-12-2019 ਨੂੰ ਨਿੱਜੀ ਸੁਣਵਾਈ ਦਾ ਮੌਕਾ ਦਿੰਦੇ ਹੋਏ ਆਪਣਾ ਪੱਖ ਪੇਸ਼ ਕਰਨ ਲਈ ਲਿਖਿਆ ਗਿਆ ਅਤੇ ਦਫਤਰ ਵਲੋਂ ਫੋਨ ਰਾਹੀਂ ਵੀ ਉਸਨੂੰ ਹਾਜ਼ਰ ਹੋ ਕੇ ਜਾਂ ਲਿਖਤੀ ਆਪਣਾ ਪੱਖ ਪੇਸ਼ ਕਰਨ ਲਈ ਕਿਹਾ ਗਿਆ, ਪਰ ਉਹ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵਲੋਂ ਲਿਖਤੀ ਰੂਪ ਵਿਚ ਚੀਫ ਰਾਜ ਸੂਚਨਾ ਕਮਿਸ਼ਨ ਦੇ ਦਫਤਰ ਨੂੰ ਸੂਚਿਤ ਕੀਤਾ ਗਿਆ ਹੈ। ਇਸ ਲਈ ਚੀਫ ਰਾਜ ਸੂਚਨਾ ਕਮਿਸ਼ਨ ਵਲੋਂ ਇਹ ਕੇਸ ਮੁੜ ਇਸ ਕਮਿਸ਼ਨ ਨੂੰ ਸੁਣਵਾਈ ਲਈ ਵਾਪਸ ਭੇਜ਼ ਦਿੱਤਾ ਗਿਆ ਸੀ।ਪੇਸ਼ੀ ਤੇ ਅਪੀਲਕਰਤਾ ਅਤੇ ਉੱਤਰਦਾਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ। ਇਸ ਲਈ ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 11-02-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਤੇ ਅਪੀਲਕਰਤਾ ਅਤੇ ਉੱਤਰਦਾਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ। ਇਸ ਲਈ **ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 12-3-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਗਿਆ ਸੀ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 11 ਫਰਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**STATE INFORMATION PUNJAB COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਨਰਿੰਦਰ ਸਿੰਘ ਪੁੱਤਰ ਲੇਟ ਸ੍ਰੀ ਮੋਹਨ ਸਿੰਘ,
ਮਕਾਨ ਨੰ: 475 ਫੇਜ਼ 6, ਮੋਹਾਲੀ। -----ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਫਸਰ
ਦਫਤਰ, ਮੈਨੇਜਿੰਗ ਡਾਇਰੈਕਟਰ,
ਪੰਜਾਬ ਸਮਾਲ ਸਕੇਲ ਇੰਨਡਸਟਰੀਜ਼ ਐਂਡ
ਐਕਸਪੋਰਟ ਕਾਰਪੋਰੇਸ਼ਨ ਲਿ: ਸੈਕਟਰ 17, ਚੰਡੀਗੜ੍ਹ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 930 ਆਫ 2019**

**ਹਾਜ਼ਰ**

1) ਸ਼ਿਕਾਇਤਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ।

**ਹੁਕੱਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 17-07-2019, ਲੋਕ ਸੂਚਨਾ ਅਧਿਕਾਰੀ ਦਫਤਰ ਮੈਨੇਜਿੰਗ ਡਾਇਰੈਕਟਰ, ਪੰਜਾਬ ਸਮਾਲ ਸਕੇਲ ਇੰਨਡਸਟਰੀਜ਼ ਐਂਡ ਐਕਸਪੋਰਟ ਕਾਰਪੋਰੇਸ਼ਨ ਲਿ: ਸੈਕਟਰ 17, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਐਫ 98 ਫੇਜ਼, 7, ਇੰਡਸਟਰੀਅਲ ਏਰੀਆ ਦੇ ਪਲਾਟ ਨਾਲ ਸਬੰਧਤ 02 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 18-10-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 29-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 20-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ ।

2. ਪਿਛਲੀ ਮਿਤੀ 20-01-2020 ਨੂੰ ਸ਼ਿਕਾਇਤਕਰਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਜਾਣਕਾਰੀ ਪ੍ਰਾਪਤ ਹੋਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਜ਼ਸਵੰਤ ਸਿੰਘ ਸੀਨੀਅਰ ਅਗਜੈਕਟੀਵ ਹਾਜ਼ਰ ਹੋਇਆ, ਉਸ ਵਲੋਂ ਪੱਤਰ ਨੰ: ਪਲਉਨਿਨਿ/ਪੀ.ਆਈ.ਓ. (ਮਿਲਖ)/43156 ਮਿਤੀ 17-01-2020 ਪੇਸ਼ ਕੀਤਾ ਗਿਆ ਜ਼ੋ ਕਮਿਸ਼ਨ ਨੂੰ ਸੰਬੋਧਤ ਸੀ ਅਤੇ ਸ਼ਿਕਾਇਤਕਰਤਾ ਨੂੰ ਉਤਾਰਾ ਕੀਤਾ ਗਿਆ ਸੀ। ਉੱਤਰਦਾਤਾ ਵਲੋਂ ਸ਼ਿਕਾਇਤਕਰਤਾ ਨੂੰ ਉਕੱਤ ਪੱਤਰ ਮਿਤੀ 17-01-2020 ਅਨੁਸਾਰ ਦਸਿਆ ਗਿਆ ਕਿ ਮੰਗੀ ਗਈ ਸੂਚਨਾ ਪੱਤਰ ਨੰ:ਪੀ.ਐਸ.ਆਈ.ਈ.ਸੀ./ਅਸਟੇਟ/42092-93 ਮਿਤੀ 09-01-2020 ਰਾਹੀਂ ਭੇਜ਼ ਦਿੱਤੀ ਗਈ ਹੈ। ਇਸ ਲਈ ਸ਼ਿਕਾਇਤਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਪ੍ਰਾਪਤ ਸੂਚਨਾ ਵਿਚ ਕੋਈ ਤਰੁੱਟੀਆਂ ਪਾਈਆਂ ਜਾਂਦੀਆਂ ਹਨ ਤਾਂ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਲਿਖਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਦੇ ਨਾਲ ਹੀ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਸ਼ਿਕਾਇਤਕਰਤਾ ਵਲੋਂ ਦਸੀਆਂ ਗਈਆਂ ਤਰੁੱਟੀਆਂ ਦੂਰ ਕਰਦੇ ਹੋਏ ਅਗਲੀ ਪੇਸ਼ੀ ਤੋਂ ਪਹਿਲਾਂ ਪਹਿਲਾਂ ਉਸਨੂੰ ਲਿਖਤੀ ਰੂਪ ਵਿਚ ਭੇਜਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 11-02-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਤੇ ਸ਼ਿਕਾਇਤਕਰਤਾ ਅਤੇ ਉੱਤਰਦਾਤਾ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਜਾਣਕਾਰੀ ਪ੍ਰਾਪਤ ਹੋਈ ਹੈ।

4. ਇਹ ਕੇਸ ਅੱਜ ਸ਼ਿਕਾਇਤਕਰਤਾ ਵਲੋਂ ਤਰੁੱਟੀਆਂ ਪੇਸ਼ ਕਰਨ ਲਈ ਰਖਿਆ ਗਿਆ ਸੀ। ਪਰ ਅੱਜ ਨਾਂ ਤਾਂ ਸਿਕਾਇਤਕਰਤਾ ਹਾਜ਼ਰ ਹੋਇਆ ਅਤੇ ਨਾ ਹੀ ਉਸ ਵਲੋਂ ਕੋਈ ਤਰੁੱਟੀਆਂ ਪੇਸ਼ ਕੀਤੀਆਂ ਗਈਆਂ। ਇਸ ਲਈ ਇਸ ਕੇਸ ਵਿਚ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ। ਇਸ ਲਈ **ਇਹ ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 11 ਫਰਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**STATE INFORMATION PUNJAB COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਮਨਜਿੰਦਰ ਸਿੰਘ, ਮੋ: 98720-15069
2469, ਸੱਨੀ ਐਨਕਲੇਵ, ਸੈਕਟਰ, 125,
ਖਰੜ, ਜਿਲਾ ਮੋਹਾਲੀ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ, ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਸੰਗਰੂਰ।

ਪਹਿਲੀ ਅਪੀਲੀ ਅਥਾਰਟੀ
ਦਫਤਰ ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ, ਚੰਡੀਗੜ੍ਹ। ----------ਉੱਤਰਦਾਤਾ

**ਅਪੀਲਕੇਸ ਨੰ: 3729 /2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ ।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 01-07-2019 , ਲੋਕ ਸੂਚਨਾ ਅਧਿਕਾਰੀ ਦਫਤਰ, ਦਫਤਰ, ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਟਰਾਂਸਪੋਰਟ ਵਿਭਾਗ ਸੰਗਰੂਰ ਤੋਂ ਜੂਨ ਤੋਂ ਸਤੰਬਰ, 2017 ਤੱਕ ਚਲਾਨਾਂ ਨਾਲ ਸਬੰਧ 05 ਨੁਕਤਿਆਂ ਨਾਲ ਸਬੰਧਤ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 20-08-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 07-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 04-12-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ ਦੀ ਮਿਤੀ 20-01-2020 ਨੂੰ ਅਪੀਲਕਰਤਾ ਸ੍ਰੀ ਮਨਜਿੰਦਰ ਸਿੰਘ ਪੇਸ਼ੀ ਤੇ ਹਾਜ਼ਰ ਹੋਇਆ। ਉਸ ਵਲੋਂ ਦਸਿਆ ਗਿਆ ਕਿ ਉਸਨੂੰ ਅਜੇ ਤੱਕ ਮੰਗੀ ਗਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਜੀ.ਐਸ.ਸੰਧੂ, ਏ.ਟੀ.ਓ. ਹਾਜ਼ਰ ਹੋਏ, ਉਸ ਵਲੋਂ ਲਿਆਂਦੀ ਗਈ ਸੂਚਨਾ ਕਮਿਸ਼ਨ ਨੂੰ ਪੇਸ਼ ਕੀਤੀ ਗਈ ਜ਼ੋ ਕਿ ਸਹੀ ਨਾ ਹੋਣ ਕਰਕੇ ਉਨ੍ਹਾਂ ਨੂੰ ਹਦਾਇਤ ਕੀਤੀ ਗਈ ਕਿ ਨੁਕਤਾਵਾਰ ਅਤੇ ਸਹੀ ਸੂਚਨਾ ਅਪੀਲਕਰਤਾ ਨੂੰ ਅਗਲੀ ਪੇਸ਼ੀ ਤੋਂ ਪਹਿਲਾਂ ਪਹਿਲਾਂ ਭੇਜ ਕੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 11-02-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ ।

3. ਅੱਜ ਪੇਸ਼ੀ ਤੇ ਦੋਨਾਂ ਧਿਰਾਂ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ। ਉੱਤਰਦਾਤਾ ਨੂੰ ਮੁੜ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਨੂੰ ਨੁਕਤਾਵਾਰ ਅਤੇ ਸਹੀ ਸੂਚਨਾ ਅਗਲੀ ਪੇਸ਼ੀ ਤੋਂ ਪਹਿਲਾਂ ਪਹਿਲਾਂ ਭੇਜ਼ ਕੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ **ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 12-3-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ** ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ,** 11 **ਫਰਵਰੀ,** 2020. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**STATE INFORMATION PUNJAB COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਮਨਜਿੰਦਰ ਸਿੰਘ, ਮੋ: 98720-15069
2469, ਸੱਨੀ ਐਨਕਲੇਵ, ਸੈਕਟਰ, 125,
ਖਰੜ, ਜਿਲਾ ਮੋਹਾਲੀ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ, ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਫਿਰੋਜ਼ਪੁਰ।

ਪਹਿਲੀ ਅਪੀਲੀ ਅਥਾਰਟੀ
ਦਫਤਰ ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ, ਚੰਡੀਗੜ੍ਹ। ----------ਉੱਤਰਦਾਤਾ

**ਅਪੀਲਕੇਸ ਨੰ: 3730 /2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ. ਕੋਈ ਨਹੀਂ।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 01-07-2019 , ਲੋਕ ਸੂਚਨਾ ਅਧਿਕਾਰੀ ਦਫਤਰ, ਦਫਤਰ, ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਫਿਰੋਜ਼ਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਟਰਾਂਸਪੋਰਟ ਵਿਭਾਗ ਫਿਰੋਜ਼ਪੁਰ ਤੋਂ ਸਤੰਬਰ ਤੋਂ ਦਸੰਬਰ, 2017 ਤੱਕ ਚਲਾਨਾਂ ਨਾਲ ਸਬੰਧ 14 ਨੁਕਤਿਆਂ ਨਾਲ ਸਬੰਧਤ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 20-08-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 07-10-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-11-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 04-12-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ ਦੀ ਮਿਤੀ 20-01-2020 ਨੂੰ ਅਪੀਲਕਰਤਾ ਵਲੋਂ ਕੋਈ ਹਾਜਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਜ਼ਸਵਿੰਦਰ ਸਿੰਘ, ਡਾਟਾ ਐਂਟਰੀ ਓਪਰੇਟਰ ਹਾਜ਼ਰ ਹੋਇਆ ਉਸ ਵਲੋਂ ਪੱਤਰ ਨੰ: ਆਰ.ਟੀ.ਏ./ਫਿਰੋਜ਼ਪੁਰ/1657 ਮਿਤੀ 16-01-2020 ਪੇਸ਼ ਕੀਤਾ ਗਿਆ ਜਿਸ ਵਿਚ ਮੁੜ ਇਹ ਹੀ ਦਸਿਆ ਗਿਆ ਕਿ ਜਿਸ ਫਾਰਮੇਟ ਵਿਚ ਸੂਚਨਾ ਮੰਗੀ ਗਈ ਹੈ ਇਸ ਫਾਰਮੇਟ ਵਿਚ ਸੂਚਨਾ ਤਿਆਰ ਨਹੀਂ ਕੀਤੀ ਜਾਂਦੀ । ਕੇਵਲ ਕੁਲ ਪ੍ਰਾਪਤ ਹੋਈਆਂ ਅਰਜੀਆਂ ਦੀ ਰਿਪੋਰਟ ਸੋਅ ਹੁੰਦੀ ਹੈ। ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਕਮਿਸ਼ਨ ਵਲੋਂ ਹਾਜ਼ਰ ਨੁਮਾਇੰਦੇ ਨੂੰ ਹਦਾਇਤ ਕੀਤੀ ਗਈ ਕਿ ਜ਼ੋ ਸੂਚਨਾ ਉਪਲਬਧ ਹੈ ਉਸ ਸਬੰਧੀ ਨੁਕਤਾਵਾਰ ਸੂਚਨਾ ਅਪੀਲਕਰਤਾ ਨੂੰ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਮੁਹੱਈਆ ਕਰਵਾ ਕੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 11-02-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਤੇ ਅਪੀਲਕਰਤਾ ਅਤੇ ਉੱਤਰਦਾਤਾ ਵਲੋਂ ਕੋਈ ਹਾਜਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ।

4. ਅੱਜ ਪੇਸ਼ੀ ਤੇ ਦੋਨਾਂ ਧਿਰਾਂ ਵਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜਰ ਨਾ ਹੋਣ ਬਾਰੇ ਕੋਈ ਸੂਚਨਾ ਪ੍ਰਾਪਤ ਹੋਈ ਹੈ। ਉੱਤਰਦਾਤਾ ਨੂੰ ਮੁੜ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਨੂੰ ਨੁਕਤਾਵਾਰ ਅਤੇ ਸਹੀ ਸੂਚਨਾ ਅਗਲੀ ਪੇਸ਼ੀ ਤੋਂ ਪਹਿਲਾਂ ਪਹਿਲਾਂ ਭੇਜ ਕੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ **ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 12-3-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ** ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 11 ਫਰਵਰੀ, 2020.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**STATE INFORMATION PUNJAB COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਜਰਨੈਲ ਸਿੰਘ (9814364718)
19 ਸੰਤ ਨਗਰ, ਗਲੀ ਨੰ: 3 ਇੱਛੇ ਵਾਲਾ ਰੋਡ,
ਨਜਦੀਕ ਚਰਚ, ਫਿਰੋਜ਼ਪੁਰ ਸ਼ਹਿਰ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਫਸਰ,
ਦਫਤਰ ਕਮਿਸ਼ਨਰ ਫਿਰੋਜ਼ਪੁਰ, ਫਿਰੋਜ਼ਪੁਰ।

ਪਹਿਲੀ ਅਪੀਲੀ ਅਥਾਰਟੀ
ਕਮਿਸ਼ਨਰ ਫਿਰੋਜ਼ਪੁਰ ਡਵਿਜ਼ਨ, ਫਿਰੋਜ਼ਪੁਰ -------ਉੱਤਰਦਾਤਾ

**ਅਪੀਲ ਕੇਸ ਨੰ: 4228 ਆਫ 2019**

**ਹਾਜ਼ਰ:**

1. ਅਪੀਲਕਰਤਾ ਵਲੋਂ ਸ੍ਰੀ ਜਰਨੈਲ ਸਿੰਘ ।
2. ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਦੀਪਕ ਲੂੰਬਾ, ਸੀਨੀਅਰ ਸਹਾਇਕ

**ਹੁਕੱਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 07-06-2018 , ਲੋਕ ਸੂਚਨਾ ਅਧਿਕਾਰੀ ਦਫਤਰ ਕਮਿਸ਼ਨਰ ਫਿਰੋਜ਼ਪੁਰ, ਫਿਰੋਜ਼ਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸੀਨੀਅਰ ਸਹਾਇਕਾਂ ਦੀਆਂ ਤਰੱਕੀਆਂ ਕਰਨ ਸਬੰਧੀ ਹੁਕੱਮਾਂ ਨਾਲ ਸਬੰਧਤ 10 ਨੁਕਤਿਆਂ ਸਬੰਧੀ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 21-12-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 5-11-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 09-12-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 27-01-2020 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਮਿਤੀ 27-01-2020 ਨੂੰ ਅਪੀਲਕਰਤਾ ਹਾਜ਼ਰ ਨਹੀਂ ਹੋਇਆ, ਪਰ ਉਸ ਵਲੋਂ ਈ.ਮੇਲ ਮਿਤੀ 27-01-2020 ਨੂੰ ਪੱਤਰ ਮਿਤੀ 22-01-2020 ਰਾਹੀਂ ਬੇਨਤੀ ਕੀਤੀ ਗਈ ਕਿ ਉਸਦੀਆਂ ਦੋ ਅਪੀਲਾਂ ਹਨ ਅਤੇ ਦੋਨੋਂ ਅਪੀਲਾਂ ਦੀ ਇਕੱਠੀ ਸੁਣਵਾਈ ਕੀਤੀ ਜਾਵੇ ਅਤੇ ਅਗਲੀ ਮਿਤੀ 11-02-2020 ਨਿਸਚਿਤ ਕੀਤੀ ਜਾਵੇ। ਉੱਤਰਦਾਤਾ (ਲੋਕ ਸੂਚਨਾ ਅਫਸਰ) ਵਲੋਂ ਸ੍ਰੀ ਦੀਪਕ ਲੂੰਬਾ, ਸੀਨੀਅਰ ਸਹਾਇਕ ਹਾਜ਼ਰ ਹੋਇਆ, ਉਸ ਵਲੋਂ ਪੱਤਰ ਨੰ: ਅਸ-3-2018/20 ਮਿਤੀ 9-1-2020 ਪੇਸ਼ ਕੀਤਾ ਗਿਆ ਅਤੇ ਦਸਿਆ ਗਿਆ ਕਿ ਅਪੀਲਕਰਤਾ ਵਲੋਂ ਦਾਇਰ ਅਰਜੀ ਦੇ ਸਬੰਧ ਵਿਚ ਉਸ ਵਲੋਂ ਪਹਿਲਾਂ ਵੀ ਸ਼ਿਕਾਇਤ ਕੇਸ ਨੰ: 972 ਆਫ 2018 ਦਾਇਰ ਕੀਤਾ ਗਿਆ ਸੀ ਜਿਸ ਵਿਚ ਕਮਿਸ਼ਨ ਦੇ ਹੁਕੱਮ ਮਿਤੀ 20-11-2018 ਅਨੁਸਾਰ ਉਸਨੂੰ ਪਹਿਲੀ ਅਪੀਲੀ ਅਥਾਰਟੀ ਪਾਸ ਅਪੀਲ ਦਾਇਰ ਕਰਨ ਦੇ ਆਦੇਸ਼ ਦਿੱਤੇ ਗਏ ਸਨ। ਇਸੇ ਦੌਰਾਨ ਸਹਾਇਕ ਲੋਕ ਸੂਚਨਾ ਅਫਸਰ ਫਿਰੋਜ਼ਪੁਰ ਵਲੋਂ ਹੁਕੱਮ ਮਿਤੀ 30-1-2019 ਅਨੁਸਾਰ ਮੰਗੀ ਗਈ ਸੂਚਨਾ ਸਿਵਾਏ ਸ੍ਰੀ ਪਰਮਿੰਦਰ ਸਿੰਘ ਦੀ ਤਨਖਾਹ ਨਾਲ ਸਬੰਧਤ ਸੂਚਨਾ ਦੇ ਜਾਰੀ ਕਰਨ ਦੀ ਪ੍ਰਵਾਨਗੀ ਦਿੱਤੀ ਗਈ। ਉਸ ਵਲੋਂ ਕਮਿਸ਼ਨ ਦੇ ਹੁਕੱਮ ਮਿਤੀ 20-11-2018 ਦੀ ਪਾਲਣਾ ਵਿਚ ਮਿਤੀ 20-12-2018 ਨੂੰ ਪਹਿਲੀ ਅਪੀਲੀ ਅਥਾਰਟੀ ਪਾਸ ਅਪੀਲ ਕੀਤੀ ਗਈ ਜ਼ੋ ਹੁਕੱਮ ਮਿਤੀ 01-02-2019 ਰਾਹੀਂ ਡਿਸਮਿਸ ਕਰਦੇ ਹੋਏ ਉਸਨੂੰ ਪੱਤਰ ਨੰ: ਅਸ-3-2019/438-40 ਮਿਤੀ 1-2-2019 ਰਾਹੀਂ ਸੂਚਿਤ ਕਰ ਦਿੱਤਾ ਗਿਆ। ਇਸ ਤਰ੍ਹਾਂ ਉਪਰ ਦਸੇ ਪੱਤਰ ਮਿਤੀ 9-01-2020 ਜ਼ੋ ਕਮਿਸ਼ਨ ਨੂੰ ਸੰਬੋਧਤ ਹੈ ਅਤੇ ਉੱਤਾਰਾ ਅਪੀਲਕਰਤਾ ਨੂੰ ਵੀ ਕੀਤਾ ਗਿਆ ਹੈ ਵਿਚ ਨੁਕਤਾਵਾਰ ਸੂਚਨਾ ਮੁਹੱਈਆ ਕਰਵਾਈ ਗਈ ਹੈ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜਿਹੜੀ ਜਾਣਕਾਰੀ ਉਕਤ ਪੱਤਰ ਮਿਤੀ 9-01-2020 ਰਾਹੀਂ ਦਿੱਤੀ ਗਈ ਹੈ ਉਸ ਸਬੰਧੀ ਜੇਕਰ ਕੋਈ ਤਰੁੱਟੀਆਂ ਪਾਈਆਂ ਹਨ ਉਨ੍ਹਾਂ ਸਬੰਧੀ ਅਗਲੀ ਮਿਤੀ ਤੇ ਖੁਦ ਪੇਸ਼ ਹੋ ਕੇ ਕਮਿਸ਼ਨ ਦੇ ਸਾਹਮਣੇ ਰਖਿਆ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਇਹ ਅਪੀਲ ਕੇਸ ਅਗਲੀ ਸੁਣਵਾਈ ਲਈ ਮਿਤੀ 11-02-2020 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਸ੍ਰੀ ਜਰਨੈਲ ਸਿੰਘ, ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਸੂਚਨਾ ਪ੍ਰਾਪਤ ਹੋਈ ਹੈ ਜ਼ੋ ਕਿ ਸਹੀ ਨਹੀਂ ਹੈ।ਉਸ ਵਲੋਂ ਡਾਕ ਰਾਹੀਂ ਪੱਤਰ ਮਿਤੀ 20-1-2020 ਪ੍ਰਾਪਤ ਹੋਇਆ ਸੀ ਜਿਸ ਰਾਹੀਂ ਉਸ ਵਲੋਂ ਦੋਨੋਂ ਅਪੀਲਾਂ

ਪਰਤੋ ਜੀ-----ਚਲਦਾ ਪੰਨਾ/2

**STATE INFORMATION PUNJAB COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ: 4228 ਆਫ 2019**

ਇਕੋ ਦਿਨ ਲਾਉਣ ਲਈ ਬੇਨਤੀ ਕੀਤੀ ਗਈ ਸੀ। ਪੱਤਰ ਮਿਸਲ ਤੇ ਉਪਲਭਧ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਦੀਪਕ ਲੂੰਬਾ, ਸੀਨੀਅਰ ਸਹਾਇਕ ਹਾਜ਼ਰ ਹੋਇਆ, ਉਸ ਵਲੋਂ ਦਸਿਆ ਗਿਆ ਕਿ ਇਹ ਕੇਸ ਅੱਜ ਅਪੀਲਕਰਤਾ ਵਲੋਂ ਤਰੁੱਟੀਆਂ ਦੇਣ ਲਈ ਨਿਸਚਿਤ ਕੀਤਾ ਗਿਆ ਸੀ ਪਰ ਅਪੀਲਕਰਤਾ ਵਲ਼ੋ ਕੋਈ ਤਰੁੱਟੀਆਂ ਨੋਟ ਨਹੀਂ ਕਰਵਾਈਆਂ ਗਈਆਂ।

4. ਉੱਤਰਦਾਤਾ ਵਲੋਂ ਅਪੀਲਕਰਤਾ ਨੂੰ ਉਕਤ ਪੱਤਰ ਮਿਤੀ 9-1-2020 ਰਾਹੀਂ ਸੂਚਨਾ ਭੇਜੀ ਗਈ ਸੀ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜਿਹੜੀ ਜਾਣਕਾਰੀ ਉਕਤ ਪੱਤਰ ਮਿਤੀ 9-01-2020 ਰਾਹੀਂ ਦਿੱਤੀ ਗਈ ਹੈ ਉਸ ਸਬੰਧੀ ਜੇਕਰ ਕੋਈ ਤਰੁੱਟੀਆਂ ਪਾਈਆਂ ਹਨ ਉਨ੍ਹਾਂ ਸਬੰਧੀ ਅਗਲੀ ਮਿਤੀ ਤੇ ਖੁਦ ਪੇਸ਼ ਹੋ ਕੇ ਕਮਿਸ਼ਨ ਦੇ ਸਾਹਮਣੇ ਰਖਿਆ ਜਾਵੇ। ਉਸ ਵਲੋਂ ਅਜੇ ਤੱਕ ਉੱਤਰਦਾਤਾ ਨੂੰ ਕੋਈ ਤਰੁੱਟੀਆਂ ਨੋਟ ਨਹੀਂ ਕਰਵਾਈਆਂ ਅਤੇ ਨਾ ਹੀ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ। ਅੱਜ ਪੇਸ਼ੀ ਦੋਰਾਨ ਵੀ ਅਪੀਲਕਰਤਾ ਨੂੰ ਪ੍ਰਾਪਤ ਸੂਚਨਾ ਵਿਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਦਸਣ ਲਈ ਅਤੇ ਲਿਖਤੀ ਰੂਪ ਵਿਚ ਦੇਣ ਲਈ ਕਿਹਾ ਗਿਆ, ਪਰ ਅਪੀਲਕਰਤਾ ਵਲੋਂ ਅੱਜ ਪੇਸ਼ੀ ਦੋਰਾਨ ਕਿਹਾ ਗਿਆ ਕਿ ਉਹ ਕੋਈ ਤਰੁਟੀਆਂ ਨੋਟ ਨਹੀਂ ਕਰਵਾਉਣਾ ਚਾਹੁੰਦਾ। ਇਸ ਲਈ ਇਸ ਕੇਸ ਨੂੰ ਹੋਰ ਅਗੇ ਚਲਾਉਣ ਦੀ ਲੋੜ ਨਹੀਂ। ਇਹ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

ਮਿਤੀ: ਚੰਡੀਗੜ੍ਹ, 11 ਫਰਵਰੀ, 2020. ਰਾਜ ਸੂਚਨਾ ਕਮਿਸ਼ਨਰ, ਪੰਜਾਬ।